# ਪੰਜਾਬ ਸਟੇਟ ਮਿਡ ਡੇ ਮੀਲ ਸੋਸਾਇਟੀ

ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਪੰਜਵੀਂ ਮੰਜ਼ਿਲ, ਵਿਦਿਆ ਭਵਨ ਫੇਜ਼ 8, ਐਸ.ਏ.ਐਸ. ਨਗਰ (ਮੋਹਾਲੀ)
ਫੋਨ ਨੰ. 0172-5212107, 2210019
E-mail id mdmpunjab@punjabeducation.gov.in

ਸੇਵਾ

ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.)
ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ.)

ਮੀਮੋ ਨੰ.ਐਮ.ਡੀ.ਐਮ.ਐਸ/ਜੀ.ਐਮ/2026/19962
ਮਿਤੀ: 22/01/2026

ਵਿਸ਼ਾ:- Advice to the Department of School Education, Punjab under Section 16(6) of National Food Security Act 2013.

ਹਵਾਲਾ: ਪੰਜਾਬ ਸਟੇਟ ਫੂਡ ਕਮਿਸ਼ਨ ਵੱਲੋਂ ਪ੍ਰਾਪਤ ਪੱਤਰ ਨੰ. PSFC/Advice/2026/153 ਮਿਤੀ 20/01/2026 ਦੇ ਹਵਾਲੇ ਵਿੱਚ।

2.0 ਆਪ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਚੇਅਰਮੈਨ/ਮੈਂਬਰ, ਪੰਜਾਬ ਸਟੇਟ ਫੂਡ ਕਮਿਸ਼ਨ ਵੱਲੋਂ ਸਕੂਲਾਂ ਦਾ ਵਿਜ਼ਟ ਕੀਤਾ ਜਾਂਦਾ ਹੈ, ਹਵਾਲਾ ਅਧੀਨ ਪੱਤਰ ਰਾਹੀਂ ਚੇਅਰਮੈਨ, ਪੰਜਾਬ ਸਟੇਟ ਫੂਡ ਕਮਿਸ਼ਨ ਵੱਲੋਂ ਦਫਤਰ ਦੇ ਧਿਆਨ ਵਿੱਚ ਲਿਆਂਦਾ ਹੈ ਕਿ ਕੁਝ ਸਕੂਲਾਂ ਵਿੱਚ ਆਰ.ਓ. ਲੱਗੇ ਹੋਏ ਹਨ ਪ੍ਰੰਤੂ ਉਨ੍ਹਾਂ ਦੀ ਮੇਨੇਟੇਨਸ ਨਹੀਂ ਕੀਤੀ ਜਾਂਦੀ, ਕੁਝ ਸਕੂਲਾਂ ਵਿੱਚ ਪੀਣ ਵਾਲੇ ਪਾਣੀ ਦੀ ਟੈਂਕੀਆ ਦੀ ਸਫਾਈ ਨਹੀਂ ਕਰਵਾਈ ਜਾਂਦੀ, ਜੋ ਕਿ ਸਕੂਲੀ ਵਿਦਿਆਰਥੀਆਂ ਦੀ ਸਿਹਤ ਲਈ ਠੀਕ ਨਹੀਂ ਹੈ।

3.0 ਆਪ ਨੂੰ ਲਿਖਿਆ ਜਾਂਦਾ ਹੈ ਕਿ ਆਪਣੇ ਜ਼ਿਲ੍ਹੇ ਅਧੀਨ ਆਉਂਦੇ ਸਕੂਲਾਂ ਵਿੱਚ ਜਿੱਥੇ ਆਰ.ਓ. ਲੱਗਾ ਹੋਇਆ ਹੈ ਉਨ੍ਹਾਂ ਨੂੰ ਚੱਲਦੀ ਅਵੱਸਥਾ ਵਿੱਚ ਕਰਵਾਇਆ ਜਾਵੇ ਅਤੇ ਜਿਨਾਂ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਪਾਣੀ ਪੀਣ ਹਿੱਤ ਟੈਂਕੀਆਂ ਲੱਗੀਆਂ ਹੋਈਆਂ ਹਨ ਭਾਵ ਜਿਸ ਤੋਂ ਵਿਦਿਆਰਥੀ ਪਾਣੀ ਪੀਂਦੇ ਹਨ ਉਨ੍ਹਾਂ ਟੈਂਕੀਆ ਦੀ ਸਫਾਈ ਕਰਾਉਣੀ ਯਕੀਨੀ ਬਣਾਈ ਜਾਵੇ, ਜਦੋਂ ਟੈਂਕੀਆਂ ਦੀ ਸਫਾਈ ਕਰਵਾਈ ਜਾਂਦੀ ਹੈ ਉਸਦੀ ਫੋਟੋ/ਵੀਡਿਓ ਬਣਾਈ ਜਾਵੇ ਅਤੇ ਸਫਾਈ ਕਰਨ ਦੀ ਮਿਤੀ ਦਰਜ ਕੀਤੀ ਜਾਵੇ ਅਤੇ ਇਸ ਸਬੰਧੀ ਸਕੂਲ ਮੁੱਖੀਆਂ ਤੋਂ ਸਰਟੀਫਿਕੇਟ ਲੈਣ ਉਪਰੰਤ ਕਾਰਵਾਈ ਰਿਪੋਰਟ ਮੁੱਖ ਦਫਤਰ ਨੂੰ ਭੇਜੀ ਜਾਵੇ ਤਾਂ ਜੋ ਪੰਜਾਬ ਸਟੇਟ ਫੂਡ ਕਮਿਸ਼ਨ ਨੂੰ ਸੂਚਿਤ ਕੀਤਾ ਜਾ ਸਕੇ।

ਜਨਰਲ ਮੈਨੇਜਰ

ਪਿੱ.ਅੰ.ਨੰ.ਐਮ.ਡੀ.ਐਮ.ਐਸ/ਜੀ.ਐਮ/2026/19963 ਮਿਤੀ: 22/01/2026

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ:-

1) ਸੁਪਰਡੰਟ, ਪੰਜਾਬ ਸਟੇਟ ਫੂਡ ਕਮਿਸ਼ਨ.
2) ਪੀ.ਏ. ਟੂ ਸਕੱਤਰ, ਸਕੂਲ ਸਿੱਖਿਆ, ਪੰਜਾਬ
3) ਪੀ.ਏ. ਟੂ ਡਾਇਰੈਟਰ ਜਨਰਲ ਸਕੂਲ ਸਿੱਖਿਆ
4) ਪੀ.ਏ. ਟੂ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.)
5) ਪੀ.ਏ. ਟੂ ਡਾਇਰੈਕਟਰ ਸਿੱਖਿਆ ਵਿਭਾਗ (ਐ.ਸਿ.)

ਜਨਰਲ ਮੈਨੇਜਰ

## ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)ਬਠਿੰਡਾ

ਪਿਠ ਅੰਕਣ ਨੰ ਜੀ-1/1 ( )2026/ 2342 ਮਿਤੀ : 27.01.2026

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁੱਖੀਆਂ ਨੂੰ , ਸੂਚਨਾ ਅਤੇ ਅਗਲੇਰੀ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)
ਬਠਿੰਡਾ।

Scanned with OKEN Scanner